ਸਲੋਕੁ ਮਃ ੧ ॥ ਸਹੰਸਰ ਦਾਨ ਦੇ ਇੰਦ੍ਰੁ ਰੋਆਇਆ ॥ ਪਰਸ ਰਾਮੁ ਰੋਵੈ ਘਰਿ ਆਇਆ ॥ ਅਜੈ ਸੁ ਰੋਵੈ ਭੀਖਿਆ ਖਾਇ ॥ ਐਸੀ ਦਰਗਹ ਮਿਲੈ ਸਜਾਇ ॥ ਰੋਵੈ ਰਾਮੁ ਨਿਕਾਲਾ ਭਇਆ ॥ ਸੀਤਾ ਲਖਮਣੁ ਵਿਛੁੜਿ ਗਇਆ ॥ ਰੋਵੈ ਦਹਸਿਰੁ ਲੰਕ ਗਵਾਇ ॥ ਜਿਨਿ ਸੀਤਾ ਆਦੀ ਡਉਰੂ ਵਾਇ ॥ ਰੋਵਹਿ ਪਾਂਡਵ ਭਏ ਮਜੂਰ ॥ ਜਿਨ ਕੈ ਸੁਆਮੀ ਰਹਤ ਹਦੂਰਿ ॥ ਰੋਵੈ ਜਨਮੇਜਾ ਖੁਇ ਗਇਆ ॥ ਏਕੀ ਕਾਰਣਿ ਪਾਪੀ ਭਇਆ ॥ ਰੋਵਹਿ ਸੇਖ ਮਸਾਇਕ ਪੀਰ ॥ ਅੰਤਿ ਕਾਲਿ ਮਤੁ ਲਾਗੈ ਭੀੜ ॥ ਰੋਵਹਿ ਰਾਜੇ ਕੰਨ ਪੜਾਇ ॥ ਘਰਿ ਘਰਿ ਮਾਗਹਿ ਭੀਖਿਆ ਜਾਇ ॥ ਰੋਵਹਿ ਕਿਰਪਨ ਸੰਚਹਿ ਧਨੁ ਜਾਇ ॥ ਪੰਡਿਤ ਰੋਵਹਿ ਗਿਆਨੁ ਗਵਾਇ ॥ ਬਾਲੀ ਰੋਵੈ ਨਾਹਿ ਭਤਾਰੁ ॥ ਨਾਨਕ ਦੁਖੀਆ ਸਭੁ ਸੰਸਾਰੁ ॥ ਮੰਨੇ ਨਾਉ ਸੋਈ ਜਿਣਿ ਜਾਇ ॥ ਅਉਰੀ ਕਰਮ ਨ ਲੇਖੈ ਲਾਇ ॥੧॥ {ਪੰਨਾ 953-954}

ਨੋਟ:- ਇਸ ਸਲੋਕ ਵਿਚ ਉਹਨਾਂ ਪੁਰਾਣਿਕ ਸਾਖੀਆਂ ਦੇ ਹਵਾਲੇ ਦਿੱਤੇ ਗਏ ਹਨ ਜੋ ਹਿੰਦੂ ਕੌਮ ਵਿਚ ਆਮ ਪ੍ਰਚਲਤ ਹਨ।

ਪਦਅਰਥ:- ਸਹੰਸਰ—ਹਜ਼ਾਰ। ਦਾਨ—ਡੰਨ। ਹਜ਼ਾਰ ਭਗਾਂ ਦਾ ਡੰਨ ਜੋ ਇੰਦਰ ਦੇਵਤੇ ਨੂੰ ਗੋਤਮ ਰਿਸ਼ੀ ਨੇ ਸਰਾਪ ਦੇ ਕੇ ਲਾਇਆ ਸੀ। ਇੰਦਰ ਨੇ ਰਿਸ਼ੀ ਦੀ ਇਸਤ੍ਰੀ ਅਹੱਲਿਆ ਨਾਲ ਧੋਖਾ ਦੇ ਕੇ ਸੰਗ ਕੀਤਾ ਸੀ। ਪਰਸ ਰਾਮੁ—ਬ੍ਰਾਹਮਣ ਸੀ, ਇਸ ਦੇ ਪਿਤਾ ਜਮਦਗਨੀ ਨੂੰ ਸਹੱਸ੍ਰਬਾਹੂ ਨੇ ਮਾਰ ਦਿੱਤਾ ਸੀ; ਬਦਲੇ ਦੀ ਅੱਗ ਵਿਚ ਪਰਸਰਾਮ ਨੇ ਖੱਤ੍ਰੀ-ਕੁਲ ਦਾ ਨਾਸ ਕਰਨਾ ਸ਼ੁਰੂ ਕੀਤਾ, ਪਰ ਜਦੋਂ ਇਸ ਨੇ ਸ੍ਰੀ ਰਾਮ ਚੰਦ੍ਰ ਜੀ ਤੇ ਆਪਣਾ ਕੁਹਾੜਾ ਚੁੱਕਿਆ ਤਾਂ ਉਹਨਾਂ ਇਸ ਦਾ ਬਲ ਖਿੱਚ ਲਿਆ। ਅਜੈ—ਰਾਜਾ ਅਜੈ ਨੇ (ਜੋ ਸ੍ਰੀ ਰਾਮ ਚੰਦ੍ਰ ਜੀ ਦਾ ਦਾਦਾ ਸੀ) ਇਕ ਸਾਧੂ ਨੂੰ ਭਿੱਖਿਆ ਵਿਚ ਲਿੱਦ ਦਿੱਤੀ ਸੀ, ਪਿੱਛੋਂ ਉਸ ਨੂੰ ਆਪ ਖਾਣੀ ਪਈ।

ਨਿਕਾਲਾ—ਦੇਸ-ਨਿਕਾਲਾ। ਦਹਸਿਰੁ—**(ਸਜ਼: ਦ_f_ਰ)** ਦਸ ਸਿਰਾਂ ਵਾਲਾ, ਰਾਵਣ। ਡਉਰੂ ਵਾਇ—ਡਉਰੂ ਵਜਾ ਕੇ, ਸਾਧੂ ਦਾ ਭੇਸ ਕਰ ਕੇ। ਸੁਆਮੀ—ਕ੍ਰਿਸ਼ਨ ਜੀ। ਖੁਇ ਗਇਆ—ਖੁੰਝ ਗਿਆ। ਏਕੀ—ਇਕ (ਗ਼ਲਤੀ)। ਜਨਮੇਜੇ ਨੇ (ਇਹ ਹਸਤਨਾਪੁਰ ਦਾ ਇਕ ਰਾਜਾ ਸੀ) 18 ਬ੍ਰਾਹਮਣਾਂ ਨੂੰ ਮਾਰ ਦਿੱਤਾ ਸੀ, ਜਿਸ ਦਾ ਪ੍ਰਾਸ਼ਚਿਤ ਕਰਨ ਲਈ ਇਸ ਨੇ ਰਿਸ਼ੀ 'ਵੈਸ਼ੰਪਾਇਨ' ਪਾਸੋਂ 'ਮਹਾਭਾਰਤ' ਸੁਣਿਆ ਸੀ।

ਮਸਾਇਕ—ਮਸ਼ਾਇਖ਼, ਲਫ਼ਜ਼ 'ਸ਼ੇਖ' ਦਾ ਬਹੁ-ਵਚਨ। ਭੀੜ—ਮੁਸੀਬਤ। ਰਾਜੇ—ਭਰਥਰੀ ਗੋਪੀਚੰਦ ਆਦਿਕ ਰਾਜੇ। ਕਿਰਪਨ—ਕੰਜੂਸ। ਸੰਚਹਿ—ਇਕੱਠਾ ਕਰਦੇ ਹਨ। ਬਾਲੀ—ਲੜਕੀ।

ਜਿਣਿ—ਜਿੱਤ ਕੇ। ਅਉਰੀ—ਹੋਰ।

ਅਰਥ:- (ਗੋਤਮ ਰਿਸ਼ੀ ਨੇ) ਹਜ਼ਾਰ (ਭਗਾਂ) ਦਾ ਡੰਨ ਦੇ ਕੇ ਇੰਦਰ ਨੂੰ ਰੁਆ ਦਿੱਤਾ; (ਸ੍ਰੀ ਰਾਮ ਚੰਦ੍ਰ ਤੋਂ ਆਪਣਾ ਬਲ ਖੁਹਾ ਕੇ) ਪਰਸ ਰਾਮ ਘਰ ਆ ਕੇ ਰੋਇਆ। ਰਾਜਾ ਅਜੈ ਰੋਇਆ ਜਦੋਂ ਉਸ ਨੂੰ (ਲਿੱਦ ਦੀ ਦਿੱਤੀ) ਭਿੱਖਿਆ ਖਾਣੀ ਪਈ, ਪ੍ਰਭੂ ਦੀ ਹਜ਼ੂਰੀ ਵਿਚੋਂ ਅਜੇਹੀ ਹੀ ਸਜ਼ਾ ਮਿਲਦੀ ਹੈ।

ਜਦੋਂ ਰਾਮ (ਜੀ) ਨੂੰ ਦੇਸ-ਨਿਕਾਲਾ ਮਿਲਿਆ ਸੀਤਾ ਲਛਮਣ ਵਿਛੁੜੇ ਤਾਂ ਰਾਮ ਜੀ ਭੀ ਰੋਏ। ਰਾਵਣ, ਜਿਸ ਨੇ ਸਾਧੂ ਬਣ ਕੇ ਸੀਤਾ (ਚੁਰਾ) ਲਿਆਂਦੀ ਸੀ, ਲੰਕਾ ਗੁਆ ਕੇ ਰੋਇਆ। (ਪੰਜੇ) ਪਾਂਡੋ, ਜਿਨ੍ਹਾਂ ਦੇ ਪਾਸ ਹੀ ਸ੍ਰੀ ਕ੍ਰਿਸ਼ਨ ਜੀ ਰਹਿੰਦੇ ਸਨ (ਭਾਵ, ਜਿਨ੍ਹਾਂ ਦਾ ਪੱਖ ਕਰਦੇ ਸਨ), ਜਦੋਂ (ਵੈਰਾਟ ਰਾਜੇ ਦੇ) ਮਜ਼ੂਰ ਬਣੇ ਤਾਂ ਰੋਏ। ਰਾਜਾ ਜਨਮੇਜਾ ਖੁੰਝ ਗਿਆ, (18 ਬ੍ਰਾਹਮਣਾਂ ਨੂੰ ਜਾਨੋਂ ਮਾਰ ਬੈਠਾ, ਪ੍ਰਾਸ਼ਚਿਤ ਵਾਸਤੇ 'ਮਹਾਭਾਰਤ' ਸੁਣਿਆ, ਪਰ ਸ਼ੰਕਾ ਕੀਤਾ, ਇਸ) ਇਕ ਗ਼ਲਤੀ ਦੇ ਕਾਰਣ ਪਾਪੀ ਹੀ ਬਣਿਆ ਰਿਹਾ (ਭਾਵ, ਕੋੜ੍ਹ ਨਾਹ ਹਟਿਆ) ਤੇ ਰੋਇਆ।

ਸ਼ੇਖ ਪੀਰ ਆਦਿਕ ਭੀ ਰੋਂਦੇ ਹਨ ਕਿ ਮਤਾਂ ਅੰਤ ਦੇ ਸਮੇਂ ਕੋਈ ਬਿਪਤਾ ਆ ਪਏ। (ਭਰਥਰੀ ਗੋਪੀਚੰਦ ਆਦਿਕ) ਰਾਜੇ ਜੋਗੀ ਬਣ ਕੇ ਦੁਖੀ ਹੁੰਦੇ ਹਨ ਜਦੋਂ ਘਰ ਘਰ ਜਾ ਕੇ ਭਿੱਖਿਆ ਮੰਗਦੇ ਹਨ। ਸੂਮ ਧਨ ਇਕੱਠਾ ਕਰਦੇ ਹਨ ਪਰ ਰੋਂਦੇ ਹਨ ਜਦੋਂ ਉਹ ਧਨ (ਉਹਨਾਂ ਪਾਸੋਂ) ਚਲਾ ਜਾਂਦਾ ਹੈ, ਗਿਆਨ ਦੀ ਥੁੜ ਦੇ ਕਾਰਨ ਪੰਡਿਤ ਭੀ ਖ਼ੁਆਰ ਹੁੰਦੇ ਹਨ। ਇਸਤ੍ਰੀ ਰੋਂਦੀ ਹੈ ਜਦੋਂ (ਸਿਰ ਤੇ) ਪਤੀ ਨਾਹ ਰਹੇ। ਹੇ ਨਾਨਕ! ਸਾਰਾ ਜਗਤ ਹੀ ਦੁਖੀ ਹੈ।

ਜੋ ਮਨੁੱਖ ਪ੍ਰਭੂ ਦੇ ਨਾਮ ਨੂੰ ਮੰਨਦਾ ਹੈ (ਭਾਵ, ਜਿਸ ਦਾ ਮਨ ਪ੍ਰਭੂ ਦੇ ਨਾਮ ਵਿਚ ਪਤੀਜਦਾ ਹੈ) ਉਹ (ਜ਼ਿੰਦਗੀ ਦੀ ਬਾਜ਼ੀ) ਜਿੱਤ ਕੇ ਜਾਂਦਾ ਹੈ, ('ਨਾਮ' ਤੋਂ ਬਿਨਾ) ਕੋਈ ਹੋਰ ਕੰਮ (ਜ਼ਿੰਦਗੀ ਦੀ ਬਾਜ਼ੀ ਜਿੱਤਣ ਲਈ) ਸਫਲ ਨਹੀਂ ਹੁੰਦਾ।1।